**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

**ਇਸ਼ਤਿਹਾਰ 07 ਆਫ 2024**


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 1 |
| 2. | ਵਿਸਥਾਰਪੂਰਵਕ ਸੂਚਨਾਂ ਅਤੇ ਪੋਸਟਾਂ ਦਾ ਵਰਗੀਕਰਨ | 1 |
| 3. | ਅਸਾਮੀਆਂ ਦਾ ਵਿਸਥਾਰਪੂਰਵਰਕ ਕੈਟਾਗਰੀ-ਵਾਈਜ਼ ਵਰਗੀਕਰਨ | 2 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 4-5 |
| 5. | ਤਨਖਾਹ ਸਕੇਲ ਅਤੇ ਭੱਤੇ | 6-7 |
| 6. | ਵਿੱਦਿਅਕ ਯੋਗਤਾ | 7-9 |
| 7. | ਉਮਰ ਸੀਮਾ | 9-10 |
| 8. | ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ | 10 |
| 9. | ਫੀਸ ਸਬੰਧੀ ਵੇਰਵਾ | 10-11 |
| 10. | ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ | 11-12 |
| 11. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 12 |
| 12. | ਅਪਲਾਈ ਕਰਨ ਦੀ ਵਿਧੀ | 12-14 |
| 13 | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 14-15 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

**Advertisement No 07 of 2024**

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:**

| | |
|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | **16-08-2024** |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | **21-08-2024** |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ:** | **17-09-2024 (ਸ਼ਾਮ 5:00 ਵਜੇ ਤੱਕ)** |
| **ਫੀਸ ਭਰਨ ਦੀ ਆਖਰੀ ਮਿਤੀ:** | **20-09-2024** |
| **Correction Portal ਸ਼ੁਰੂਆਤੀ ਮਿਤੀ:** | **21-09-2024** |
| **Correction Portal ਅੰਤਿਮ ਮਿਤੀ:** | **25-09-2024** |

**1.. ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਬੀ ਅਤੇ ਗੁਰੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

2. **ਵਿਸਥਾਰ ਪੂਰਵਕ ਸੂਚਨਾ**

ਵੱਖ ਵੱਖ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰਾਂ ਵਿੱਚ ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ ਗਰੁੱਪ-ਬੀ ਦੀ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ 21-08-2024 ਤੋਂ 17-09-2024, ਸ਼ਾਮ 05:00 ਵਜੇ ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

ਪੋਸਟਾਂ ਦਾ ਵਰਗੀਕਰਨ

| ਲੜੀ ਨੰ | ਡਿਪਾਰਟਮੈਂਟ | ਅਸਾਮੀ ਦਾ ਨਾਮ | ਗਿਣਤੀ |
|---|---|---|---|
| 1. | ਪੰਜਾਬ ਰਾਜ ਗੁਦਾਮ ਨਿਗਮ, ਚੰਡੀਗੜ੍ਹ | ਸਬ-ਡਵੀਜ਼ਨਲ ਅਫਸਰ (ਸਿਵਲ) | 02 |
| 2. | ਵਿੱਤ ਵਿਭਾਗ, ਖਜਾਨਾ ਤੇ ਲੇਖਾ ਸ਼ਾਖਾ, ਵਿੱਤ ਤੇ ਯੋਜਨਾ ਭਵਨ, ਪਲਾਟ ਨੰ 2-ਬੀ, ਸੈਕਟਰ 33 ਏ, ਚੰਡੀਗੜ੍ਹ। | ਜੂਨੀਅਰ ਆਡੀਟਰ | 14 |
| 3. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ | ਐਗਜ਼ੀਕਿਊਟਿਵ ਅਸਿਸਟੈਂਟ | 06 |

| | | | |
|---|---|---|---|
| | ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | | |
| 4. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਅੰਕੜਾ ਅਫਸਰ | 01 |
| 5. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਅਸਿਸਟੈਂਟ ਮੈਨੇਜਰ (ਆਈ.ਟੀ) | 01 |
| 6. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਫੀਲਡ ਇੰਨਵੈਸਟੀਗੇਟਰ | 02 |
| 7. | ਵਿੱਤ ਵਿਭਾਗ, ਪੰਜਾਬ ਸਰਕਾਰ (ਖਜਾਨਾ ਅਤੇ ਲੇਖਾ ਸ਼ਾਖਾ) | ਖਜਾਨਾ ਅਫਸਰ | 36 |
| 8. | ਪੰਜਾਬ ਰਾਜ ਗੁਦਾਮ ਨਿਗਮ, ਸੈਕਟਰ 17-ਬੀ, ਐਸ.ਸੀ.ਓ 74-75, ਬੈਂਕ ਸਕਿਅਰ, ਚੰਡੀਗੜ੍ਹ। | ਸੈਕਸ਼ਨ ਅਫਸਰ (ਸਿਵਲ) | 4 |
| 9. | ਪੰਜਾਬ ਰਾਜ ਗੁਦਾਮ ਨਿਗਮ, ਸੈਕਟਰ 17-ਬੀ, ਐਸ.ਸੀ.ਓ 74-75, ਬੈਂਕ ਸਕਿਅਰ, ਚੰਡੀਗੜ੍ਹ। | ਸੈਕਸ਼ਨ ਅਫਸਰ (ਬਿਜਲੀ) | 3 |

**3. ਅਸਾਮੀਆਂ ਦਾ ਵਿਸਥਾਰਪੂਰਵਰਕ ਸ਼੍ਰੇਣੀਵਾਈਜ਼ ਵਰਗੀਕਰਨ ਹੇਠ ਅਨੁਸਾਰ ਹੈ -**

| Sr. No. | Name of Posts | Category | Total No. of Posts | Post reserved for women (out of A) |
|---|---|---|---|---|
| | | | (A) | (B) |
| 01 | ਸਬ-ਡਵੀਜ਼ਨਲ ਅਫਸਰ (ਸਿਵਲ) | GENERAL | 1 | - |
| | | SC (M&B) | 1 | - |
| 02 | ਜੂਨੀਅਰ ਆਡੀਟਰ | GENERAL | 05 | 02 |
| | | SC (M&B) | 02 | 01 |
| | | SC (R&O) | 02 | 01 |
| | | BC | 01 | 01 |
| | | EXSERVICEMEN GENERAL | 02 | 01 |
| | | PHYSICALLY HANDICAPPED VISUALLY IMAPAIRED | 01 | -- |
| | | ECONOMICALLY | 01 | -- |

| | | | | |
|---|---|---|---|---|
| | | WEAKER SECTION | | |
| 03 | ਐਗਜ਼ੀਕਿਊਟਿਵ ਅਸਿਸਟੈਂਟ | General | 4 | 1 |
| | | SC (M&B) | 2 | 1 |
| 04 | ਅੰਕੜਾ ਅਫਸਰ | SC (M&B) | 1 | 1 |
| 05 | ਅਸਿਸਟੈਂਟ ਮੈਨੇਜਰ (ਆਈ.ਟੀ) | General | 1 | 1 |
| 6 | ਫੀਲਡ ਇੰਨਵੈਸਟੀਗੇਟਰ | General | 1 | 1 |
| | | SC (M&B) | 1 | 1 |
| 7 | ਖਜਾਨਾ ਅਫਸਰ | GENERAL | 15 | 5 |
| | | SC (M&B) | 5 | 2 |
| | | SC (R&O) | 3 | 1 |
| | | BC | 3 | 1 |
| | | EXSERVICEMEN GENERAL | 3 | 2 |
| | | EXSERVICEMEN SC (M&B) | 0 | 0 |
| | | EXSERVICEMEN SC (R&O) | 1 | 0 |
| | | EXSERVICEMEN BC | 1 | 0 |
| | | SPORTS GENERAL | 1 | 1 |
| | | PHYSICALLY HANDICAPPED ORTHO | 1 | 0 |
| | | ECONOMICALLY WEAKER SECTION | 3 | 1 |
| 8 | ਸੈਕਸ਼ਨ ਅਫਸਰ (ਸਿਵਲ) ਸੈਕਸ਼ਨ ਅਫਸਰ (ਸਿਵਲ) | SC (M&B) | 02 | 01 |
| | | BC | 01 | 00 |
| | | EXSERVICEMEN GENERAL | 01 | 00 |
| 9 | ਸੈਕਸ਼ਨ ਅਫਸਰ (ਬਿਜਲੀ) | GENERAL | 02 | 00 |
| | | SC (M&B) | 01 | 00 |
| | Total Posts | | 69 | 26 |

**ਨੋਟ:** (ੳ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਵੱਲੋਂ ਪ੍ਰਾਪਤ ਮੰਗ ਪੱਤਰਾਂ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

(ਅ) ਸਮਰੱਥ ਅਥਾਰਟੀ/ਬੋਰਡ ਵੱਲੋਂ ਲਏ ਫੈਸਲੇ ਅਨੁਸਾਰ ਤੈਅ ਕੀਤੇ ਜਾਣ ਵਾਲੇ ਨਿਰਧਾਰਤ ਸਮੇਂ ਤੱਕ, ਜੇਕਰ ਉਪਰ ਦਰਸਾਏ ਵਿਭਾਗਾਂ ਵੱਲੋਂ ਹੋਰ ਅਸਾਮੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਬੋਰਡ ਦੁਆਰਾ ਅਸਾਮੀਆਂ ਦੀ ਗਿਣਤੀ ਵਧਾਉਣ ਸਬੰਧੀ, ਇਸ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ।

(ੲ) ਸਾਬਕਾ ਫੌਜੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ ਡਿਪੈਂਡੈਂਟ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

**(ਸ)** ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ **ਵਿਭਾਗ** ਦੇ ਨੋਟੀਫਿਕੇਸ਼ਨ ਮਿਤੀ **08/05/2020** ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ **:-**

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second proviso."

**(ਹ)** ਉਪਰੋਕਤ ਅਸਾਮੀਆਂ ਦੀ ਭਰਤੀ ਪੰਜਾਬ ਸਰਕਾਰ ਦੀ Notification titled as The Punjab Civil Services (Reservation of Posts fro Women) Rules, 2020 ਨੰਬਰ G.S.R. 87/Const/Art.309 and 15/2020 ਮਿਤੀ 21/10/2020 ਅਨੁਸਾਰ ਕੀਤੀ ਜਾਵੇਗੀ।

**(ਕ)** ਉਪਰੋਕਤ ਅਸਾਮੀਆਂ ਦੀ ਭਰਤੀ ਪੰਜਾਬ ਸਰਕਾਰ ਦੀਆਂ ਹਦਾਇਤਾਂ Reservation for Economically Weaker Sections (EWSs) in direct recruitment in civil posts and services in the Government of Punjab, Letter No. 1/3/2019-RC1/120 **ਮਿਤੀ** 28/05/2019 ਅਨੁਸਾਰ ਕੀਤੀ ਜਾਵੇਗੀ।

**4. ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ:-**

| Sr. No. | Category | Code |
|---|---|---|
| 1 | General | 101 |
| 2 | Economically Weaker Section (GEN) | 102 |
| 3 | S.C. (Mazhbi & Balmiki) | 103 |
| 4 | S.C. (Ramdasia & Others) | 104 |
| 5 | B.C. (Backward Class) | 105 |
| 6 | Ex. Service Men-General (Self) | 106 |
| 7 | Ex. Service Men-General (Dependent) | 107 |
| 8 | Ex. Service Men –S.C.(Mazhbi & Balmiki) (Self) | 108 |
| 9 | Ex. Service Men –S.C. (Mazhbi & Balmiki) (Dependent) | 109 |
| 10 | ESM S.C (R & O) (Self) | 110 |
| 11 | ESM S.C (R & O) (Dependent) | 111 |
| 12 | ESM B.C (Self) | 112 |

| | | |
|---|---|---|
| 13 | ESM B.C (Dependent) | 113 |
| 14. | Sports General | 114 |
| 15. | Sports –S.C.(Mazhbi & Balmiki) | 115 |
| 16. | Sports –S.C.( R & O) | 116 |
| 17. | Physical handicapped (Ortho) | 117 |
| 18. | Physical handicapped (VH) | 118 |
| 19. | Physical handicapped (HH) | 119 |
| 20. | Physical handicapped (MI /MD) | 120 |
| 21. | Freedom fighter | 121 |

General - ਆਮ ਵਰਗ,

EWS (Gen.) -ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ),

S.C. (M&B) -ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ),

S.C. (R&O) -ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ),

B.C. -ਪੱਛਣੀ ਸ੍ਰੇਣੀ,

ESM Gen.(Self) -ਸਾਬਕਾ ਫੌਜੀ-ਆਮ ਵਰਗ (ਖੁਦ),

ESM Gen.(Dependent) -ਸਾਬਕਾ ਫੌਜੀ-ਆਮ ਵਰਗ (ਆਸ਼ਰਿਤ),

ESM {S.C(M&B)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}(ਖੁਦ),

ESM {S.C(M&B)}(Dependent) -ਸਾਬਕਾ ਫੌਜੀ-ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)ਆਸ਼ਰਿਤ

ESM {S.C(R&O)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਖੁਦ),

ESM {S.C(R&O)}(Dependent) -ਸਾਬਕਾ ਫੌਜੀ {ਅਨੁਸੂਚਿਤ ਜਾਤੀ(ਰਾਮਦਾਸੀਆ ਤੇ ਹੋਰ)ਆਸ਼ਰਿਤ

ESM B.C.(Self) -ਸਾਬਕਾ ਫੌਜੀ- ਪੱਛੜੀ ਸ੍ਰੇਣੀ (ਖੁਦ),

ESM B.C.(Dependent) -ਸਾਬਕਾ ਫੌਜੀ- ਪੱਛੜੀ ਸ੍ਰੇਣੀ (ਆਸ਼ਰਿਤ),

Sports General -ਖਿਡਾਰੀ ਆਮ ਵਰਗ,

Sports {S.C. (M&B)} -ਖਿਡਾਰੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)},

Sports {SC(R&O)} -ਖਿਡਾਰੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)},

P.H. (Ortho) -ਦਿਵਿਆਂਗਜਨ (ਆਰਥੋ),

P.H. (I.D. / M.D.) -ਦਿਵਿਆਂਗਜਨ (I.D./M.D.),

P.H. (Hearing Impaired) -ਦਿਵਿਆਂਗਜਨ (ਗੂੰਗੇ ਅਤੇ ਬੋਲੇ),

P.H. ( visually Impaired) -ਦਿਵਿਆਂਗਜਨ (ਨੇਤਰਹੀਨ/ਅੰਸ਼ਿਕ ਨੇਤਰਹੀਨ),

Freedom Fighter -ਸੁਤੰਤਰਤਾ ਸੰਗਰਾਮੀ।

**5. ਤਨਖਾਹ ਸਕੇਲ ਅਤੇ ਭੱਤੇ:-**

| ਲੜੀ ਨੰ | ਡਿਪਾਰਟਮੈਂਟ | ਅਸਾਮੀ ਦਾ ਨਾਮ | ਤਨਖਾਹ ਸਕੇਲ ਅਤੇ ਭੱਤੇ |
|---|---|---|---|
| 1. | ਪੰਜਾਬ ਰਾਜ ਗੁਦਾਮ ਨਿਗਮ, ਚੰਡੀਗੜ੍ਹ | ਸਬ-ਡਵੀਜ਼ਨਲ ਅਫਸਰ (ਸਿਵਲ) | 47,600/- (Level 6)<br>ਜਰੂਰੀ ਨੋਟ - ਹੇਠ ਲਿਖੀਆਂ ਸ਼ਰਤਾ ਵੀ ਲਾਗੂ ਹੋਣਗੀਆਂ-<br>1. ਵਿੱਤ ਵਿਭਾਗ ਦੀਆਂ ਹਦਾਇਤਾਂ ਨੰਬਰ - 2015/204/74ਐਫ.ਪੀ 60/1 ਮਿਤੀ 15.01.2015 ਅਤੇ ਨੰਬਰ-2015/204/7.4ਐਫ.ਪੀ 853793/1.ਮਿਤੀ 04.10.2016 ਇੰਨ-ਬਿੰਨ ਲਾਗੂ ਰਹਿਣਗੀਆਂ।<br>2. ਮੁਢਲੀ ਤਨਖਾਹ ਤੋਂ ਇਲਾਵਾ ਇਸ ਸਕੇਲ ਦੇ ਸਨਮੁੱਖ ਹਰ ਤਰ੍ਹਾਂ ਦੇ ਭਤੀਆਂ ਬਾਰੇ ਫੈਸਲਾ ਬਾਅਦ ਵਿੱਚ ਕੀਤਾ ਜਾਵੇਗਾ।<br>3. ਛੇਵੇਂ ਤਨਖਾਹ ਕਕਿਸ਼ਨ ਦੀ ਰਿਪੋਰਟ ਪ੍ਰਾਪਤ ਹੋਣ ਉਪਰੰਤ ਉਸਦੇ ਸਨਮੁੱਖ ਇਸ ਪੇ-ਮੈਟ੍ਰਿਕਸ ਵਿੱਚ ਮੁੜ ਕੋਈ ਰੀਵੀਜ਼ਨ ਨਹੀਂ ਕੀਤੀ ਜਾਵੇਗੀ।<br>4. ਇਹ ਪੇ-ਮੈਟ੍ਰਿਕਸ ਕੇਵਲ prospective recruitment, ਜੋ ਵਿੱਤ ਵਿਭਾਗ ਦੀਆਂ ਹਦਾਇਤਾਂ ਮਿਤੀ 17.07.2020 ਦੇ ਸਨਮੁੱਖ ਕੀਤੀ ਜਾਣੀ ਹੈ, ਤੇ ਹੀ ਲਾਗੂ ਹੋਣਗੇ। |
| 2. | ਵਿੱਤ ਵਿਭਾਗ, ਖਜਾਨਾ ਤੇ ਲੇਖਾ ਸ਼ਾਖਾ, ਵਿੱਤ ਤੇ ਯੋਜਨਾ ਭਵਨ, ਪਲਾਟ ਨੰ 2-ਬੀ, ਸੈਕਟਰ 33 ਏ, ਚੰਡੀਗੜ੍ਹ। | ਜੂਨੀਅਰ ਆਡੀਟਰ | **ਮੁਢਲੀ ਤਨਖਾਹ 35,400/- ਲੈਵਲ 6 ਅਨੁਸਾਰ** |
| 3. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਐਗਜ਼ੀਕਿਊਟਿਵ ਅਸਿਸਟੈਂਟ | **ਲੈਵਲ-6, ਸੱਤਵੇਂ ਪੇਅ ਕਮਿਸ਼ਨ ਅਨੁਸਾਰ (35400/-) ਦੀ ਪੰਜਾਬ ਲੇਬਰ (ਗਰੁੱਪ-ਬੀ) ਸਰਵਿਸ ਨਿਯਮ 2023 ਅਨੁਸਾਰ।** |
| 4. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਅੰਕੜਾ ਅਫਸਰ | **ਲੈਵਲ-7, ਸੱਤਵੇਂ ਪੇਅ ਕਮਿਸ਼ਨ ਅਨੁਸਾਰ (44900/-) ਦੀ ਪੰਜਾਬ ਲੇਬਰ (ਗਰੁੱਪ-ਬੀ) ਸਰਵਿਸ ਨਿਯਮ 2023 ਅਨੁਸਾਰ।** |
| 5. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਅਸਿਸਟੈਂਟ ਮੈਨੇਜਰ (ਆਈ.ਟੀ) | **ਲੈਵਲ-8, ਸੱਤਵੇਂ ਪੇਅ ਕਮਿਸ਼ਨ ਅਨੁਸਾਰ (47600/-) ਦੀ ਪੰਜਾਬ ਲੇਬਰ (ਗਰੁੱਪ-ਬੀ) ਸਰਵਿਸ ਨਿਯਮ 2023 ਅਨੁਸਾਰ।** |
| 6. | ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਫੀਲਡ ਇੰਨਵੈਸਟੀਗੇਟਰ | **ਲੈਵਲ-6, ਸੱਤਵੇਂ ਪੇਅ ਕਮਿਸ਼ਨ ਅਨੁਸਾਰ (35400/-) ਦੀ ਪੰਜਾਬ ਲੇਬਰ (ਗਰੁੱਪ-ਬੀ) ਸਰਵਿਸ ਨਿਯਮ 2023 ਅਨੁਸਾਰ।** |
| 7. | ਵਿੱਤ ਵਿਭਾਗ, ਪੰਜਾਬ ਸਰਕਾਰ (ਖਜਾਨਾ ਅਤੇ ਲੇਖਾ ਸ਼ਾਖਾ) | ਖਜਾਨਾ ਅਫਸਰ | (i) ਪੰਜਾਬ ਸਰਕਾਰ ਦੀਆਂ ਹਦਾਇਤਾਂ ਨੰ: 7/42/2020-5FP1/741-746 ਮਿਤੀ 17/07/2020 ਅਤੇ ਵਿੱਤ ਵਿਭਾਗ ਦੀ ਨੋਟੀਫਿਕੇਸ਼ਨ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਲਾਗੂ ਹੋਣਗੇ। ਵਿੱਤ |

| | | | |
|---|---|---|---|
| | | | ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਵਲੋਂ ਜਾਰੀ ਨੋਟੀਫਿਕੇਸਨ ਮਿਤੀ:27.05.2022 ਅਨੁਸਾਰ ਖਜਾਨਾ ਅਫਸਰ ਦੀ ਆਸਾਮੀ ਤੇ ਤਨਖਾਹ Pay Matrix Level 6; 35,400/- ਰੁਪਏ ਮਿਲਣਯੋਗ ਹੋਵੇਗੀ, ਅਤੇ ਪਰਖਕਾਲ ਸਮੇਂ ਦੌਰਾਨ ਬੱਝਵੀ ਤਨਖਾਹ ਮਿਲਣਯੋਗ ਹੋਵੇਗੀ। |
| 8. | ਪੰਜਾਬ ਰਾਜ ਗੁਦਾਮ ਨਿਗਮ, ਸੈਕਟਰ 17-ਬੀ, ਐਸ.ਸੀ.ਓ 74-75, ਬੈਂਕ ਸਕਿਅਰ, ਚੰਡੀਗੜ੍ਹ। | ਸੈਕਸ਼ਨ ਅਫਸਰ (ਸਿਵਲ) | **35400/- (ਲੇਵਲ-6)**<br>ਜਰੂਰੀ ਨੋਟ-ਹੇਠ ਲਿਖੀਆਂ ਸ਼ਰਤਾਂ ਵੀ ਲਾਗੂ ਹੋਣਗੀਆਂ:-<br>i. ਵਿੱਤ ਵਿਭਾਗ ਦੀਆਂ ਹਦਾਇਤਾਂ ਨੰ 7/204/2015-4ਐਫ.ਪੀ1/60, ਮਿਤੀ-15.01.2015 ਅਤੇ ਨੰ 7/204/2015-4.ਐਫ.ਪੀ.185793, ਮਿਤੀ 04-10-2016 ਇੰਨ ਬਿੰਨ ਲਾਗੂ ਹੋਣਗੀਆਂ।<br>ii. ਮੁਢਲੀ ਤਨਖਾਹ ਤੋਂ ਇਲਾਵਾ ਇਸ ਸਕੇਲ ਦੇ ਸਨਮੁੱਖ ਹਰ ਤਰਾਂ ਦੇ ਭੱਤਿਆਂ ਬਾਰੇ ਫੈਸਲਾ ਬਾਅਦ ਵਿਚ ਕੀਤਾ ਜਾਵੇਗਾ।<br>ਇਹ ਪੇ-ਮੈਟ੍ਰਿਕਸ ਕੇਵਲ prospective recruitment, ਜੋ ਵਿੱਤ ਵਿਭਾਗ ਦੀਆਂ ਹਦਾਇਤਾਂ ਮਿਤੀ: 17-07-2020 ਦੇ ਸਨਮੁੱਖ ਕੀਤੀ ਜਾਣੀ ਹੈ, ਤੇ ਹੀ ਲਾਗੂ ਰਹਿਣਗੇ। |
| | ਪੰਜਾਬ ਰਾਜ ਗੁਦਾਮ ਨਿਗਮ, ਸੈਕਟਰ 17-ਬੀ, ਐਸ.ਸੀ.ਓ 74-75, ਬੈਂਕ ਸਕਿਅਰ, ਚੰਡੀਗੜ੍ਹ। | ਸੈਕਸ਼ਨ ਅਫਸਰ (ਬਿਜਲੀ) | **35400/- (ਲੇਵਲ-6)**<br>ਜਰੂਰੀ ਨੋਟ-ਹੇਠ ਲਿਖੀਆਂ ਸ਼ਰਤਾਂ ਵੀ ਲਾਗੂ ਹੋਣਗੀਆਂ:-<br>i. ਵਿੱਤ ਵਿਭਾਗ ਦੀਆਂ ਹਦਾਇਤਾਂ ਨੰ 7/204/2015-4ਐਫ.ਪੀ1/60, ਮਿਤੀ-15.01.2015 ਅਤੇ ਨੰ 7/204/2015-4.ਐਫ.ਪੀ.185793, ਮਿਤੀ 04-10-2016 ਇੰਨ ਬਿੰਨ ਲਾਗੂ ਹੋਣਗੀਆਂ।<br>ii. ਮੁਢਲੀ ਤਨਖਾਹ ਤੋਂ ਇਲਾਵਾ ਇਸ ਸਕੇਲ ਦੇ ਸਨਮੁੱਖ ਹਰ ਤਰਾਂ ਦੇ ਭੱਤਿਆਂ ਬਾਰੇ ਫੈਸਲਾ ਬਾਅਦ ਵਿਚ ਕੀਤਾ ਜਾਵੇਗਾ।<br>ਇਹ ਪੇ-ਮੈਟ੍ਰਿਕਸ ਕੇਵਲ prospective recruitment, ਜੋ ਵਿੱਤ ਵਿਭਾਗ ਦੀਆਂ ਹਦਾਇਤਾਂ ਮਿਤੀ: 17-07-2020 ਦੇ ਸਨਮੁੱਖ ਕੀਤੀ ਜਾਣੀ ਹੈ, ਤੇ ਹੀ ਲਾਗੂ ਰਹਿਣਗੇ। |

## 6. ਵਿਦਿਅਕ ਯੋਗਤਾ

| ਡਿਪਾਰਟਮੈਂਟ | ਅਸਾਮੀ ਦਾ ਨਾਮ | ਵਿਦਿਅਕ ਯੋਗਤਾ |
|---|---|---|
| ਪੰਜਾਬ ਰਾਜ ਗੁਦਾਮ ਨਿਗਮ, ਚੰਡੀਗੜ੍ਹ | ਸਬ-ਡਵੀਜ਼ਨਲ ਅਫਸਰ (ਸਿਵਲ) | i) Graduate in Civil Engineering in 1st or 2nd Class from a recognized University or Institution or AMIE (Civil Engineering) with an experience for a minimum period of two years as SDO or five years as Section Officer in Central Government or a State Government or Government Institution; or<br>ii) Diploma in Civil Engineering from a recognized University with an experience for a minimum period of seven years as Section Officer in the Central Government, State Government or Government Institution. |
| ਵਿੱਤ ਵਿਭਾਗ, ਖਜਾਨਾ ਤੇ ਲੇਖਾ ਸ਼ਾਖਾ, ਵਿੱਤ ਤੇ ਯੋਜਨਾ ਭਵਨ, ਪਲਾਟ ਨੰ | ਜੂਨੀਅਰ ਆਡੀਟਰ | i) As per Rules of 1998 B.Com 1st Division or M.Com 2nd Division<br>ii) As per Rules of 1979 |

| | | |
|---|---|---|
| 2-ਬੀ, ਸੈਕਟਰ 33 ਏ, ਚੰਡੀਗੜ੍ਹ। | | Should have a speed of thirty words per minutes in typewriting in English. |
| ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਐਗਜ਼ੀਕਿਊਟਿਵ ਅਸਿਸਟੈਂਟ | (I) Should have Bachelor's Degree from a recognized University or Institution;<br><br>(II) Qualifies a competitive test specified by the appointing authority from time to time;<br>(III) Possesses at least one hundred and twenty hours course with hands on experience in the use of Personal Computer or Information Technology in Office Productivity applications or Desktop Publishing applications from a Government recogniesed institution or a reputed institution, which is ISO 9001 certified.<br>OR<br>Possesses a Computer Information Technology course equivalent to 'O' Level certificate of Department of Electronics Accreditation of Computer Course (DOEACC) of Government of India.<br>(IV) The person so appointed as Executive Assistant shall have, before his appointment, passed a test in English and Punjabi (In Unicode Compliant Font Raavi ) respectively, on computer to be conducted by Punjab Subordinate Services Selection Board or the appointing authority or the Department of Information Technology as the case may be, at a speed of thirty words per minute.<br>Provided that where appointment of Group 'B' non-technical post is offered to a War Hero, who has been discharged from Defence Services or dependent member of his family under the instructions issued in this behalf by the Government, the educational qualification to be possessed by such person shall be Graduate from a recognized university or institution, However such person shall not be required , to qualify the test in Punjabi-writing as provided above. |
| ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਅੰਕੜਾ ਅਫਸਰ | Master's Degree in Economics or Mathematics or Commerce with Statistics as one of the papers or Master's Degree in Statistics from a recognized university or institution. |
| ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ। | ਅਸਿਸਟੈਂਟ ਮੈਨੇਜਰ (ਆਈ.ਟੀ) | (a) Should have passed degree of bachelor of engineering Bachelor or of technology in Information Technology or Electronics and Communication or and Masters Business Computer Science Masters of administration from a recognized university or |

| | | |
|---|---|---|
| | | institution with minimum of fifty per cent marks in aggregate in each case; or Should have passed Master's Degree in Computer Applications or Masters of Business administration from a recognized university or institution with minimum of fifty per cent marks in aggregate in each case and an experience of two years in the field of Information and Communication Technology. |
| **ਕਿਰਤ ਵਿਭਾਗ, ਪੰਜਾਬ, ਦਫਤਰ ਕਿਰਤ ਕਮਿਸ਼ਨਰ, ਪੰਜਾਬ। ਮਾਡਲ ਵੈਲਫੇਅਰ ਸੈਂਟਰ, ਫੇਜ਼-10, ਸੈਕਟਰ-64, ਐਸ.ਏ.ਐਸ ਨਗਰ।** | **ਫੀਲਡ ਇੰਨਵੈਸਟੀਗੇਟਰ** | Should possess graduation degree with Economics, Mathematics or Social Science with Statistics as one of the paper/subject from a recognized university or an institution. |
| **ਵਿੱਤ ਵਿਭਾਗ, ਪੰਜਾਬ ਸਰਕਾਰ (ਖਜਾਨਾ ਅਤੇ ਲੇਖਾ ਸ਼ਾਖਾ)** | **ਖਜਾਨਾ ਅਫਸਰ** | Graduate of recognized University; preference to be given to Commerce Graduates.**(ਵਿਭਾਗ ਤੋਂ ਮਿਤੀ 24.06.24 ਦੇ ਪ੍ਰਾਪਤ ਸਪਸ਼ਟੀਕਰਨ ਅਨੁਸਾਰ ਖਜਾਨਾ ਅਫਸਰ ਦੀਆਂ ਸਿੱਧੀ ਭਰਤੀ ਦੇ ਕੋਟੇ ਤਹਿਤ ਜੋ ਲਿਖਤੀ ਪ੍ਰੀਖਿਆ ਵਿੱਚ ਮੈਰਿਟ ਵਿਚ ਆਉਂਦੇ ਹਨ, ਉਨ੍ਹਾ ਉਮੀਦਵਾਰਾਂ ਨੂੰ ਮੈਰਿਟ ਦੇ ਆਧਾਰ ਤੇ ਤਰਜੀਹ ਦਿੱਤੀ ਜਾਵੇਗੀ, ਪ੍ਰੰਤੂ ਜਿਹੜੇ ਅਖਿਰੀ ਉਮੀਦਵਾਰਾਂ ਦੇ ਨੰਬਰ ਬਰਾਬਰ ਹੋਣਗੇ ਤਾ ਉਨ੍ਹਾ ਵਿਚੋਂ B.Com ਵਾਲੇ ਉਮੀਦਵਾਰ ਨੂੰ ਤਰਜੀਹ ਦਿੱਤੀ ਜਾਵੇਗੀ।)** |
| **ਪੰਜਾਬ ਰਾਜ ਗੁਦਾਮ ਨਿਗਮ, ਸੈਕਟਰ** 17-**ਬੀ, ਐਸ.ਸੀ.ਓ** 74-75, **ਬੈਂਕ ਸਕਿਅਰ, ਚੰਡੀਗੜ੍ਹ।** | **ਸੈਕਸ਼ਨ ਅਫਸਰ (ਸਿਵਲ)** | Should pass diploma in Civil engineering or a higher qualification in the same discipline from a recognized university or institution. |
| **ਪੰਜਾਬ ਰਾਜ ਗੁਦਾਮ ਨਿਗਮ, ਸੈਕਟਰ** 17-**ਬੀ, ਐਸ.ਸੀ.ਓ** 74-75, **ਬੈਂਕ ਸਕਿਅਰ, ਚੰਡੀਗੜ੍ਹ।** | **ਸੈਕਸ਼ਨ ਅਫਸਰ (ਬਿਜਲੀ)** | Should pass diploma in Electrical engineering or a higher qualification in the same discipline from a recognized university or institution. |

**ਨੋਟ:-** **1.** Punjab Civil Servises (General and Common Conditions of services) rules, 1994 ਦੇ ਅਨੁਸਾਰ ਘੱਟ ਤੋਂ ਘੱਟ ਦੱਸਵੀ ਪੱਧਰ ਦੀ ਪੰਜਾਬੀ ਪ੍ਰੀਖਿਆ ਪਾਸ ਕੀਤੀ ਹੋਵੇ।

**2.** ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ/ਤਜਰਬਾ/ਸਾਬਕਾ ਫੌਜੀ ਸਰਟੀਫਿਕੇਟ/ਸਾਬਕਾ ਫੌਜੀਆਸ਼ਰਿਤਾਂ ਲਈ LDC ਸਰਟੀਫਿਕੇਟ/ਜਾਤੀ ਸਰਟੀਫਿਕੇਟ/EWS Certificate/ਸੁਤੰਤਰਤਾ ਸੰਗ੍ਰਾਮੀ ਸਰਟੀਫਿਕੇਟ/ਖਿਡਾਰੀਆਂ ਲਈ ਗ੍ਰੇਡੇਸ਼ਨ ਸਰਟੀਫਿਕੇਟ/ਰਾਂਖਵਾਕਰਨ ਸਬੰਧੀ ਸਰਟੀਫਿਕੇਟ ਆਦਿ ਅਪਲਾਈ ਕਰਨ ਦੀ ਅੰਤਿਮ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

## 7. ਉਮਰ ਸੀਮਾ:-

ਉਪਰੋਕਤ ਅਸਾਮੀਆਂ ਲਈ ਨਵੇ ਸਿਰੇ ਤੋਂ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2024 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮ੍ਹਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VI) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

**ਨੋਟ:-** **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ ਅਪਲਾਈ ਕਰਨ ਤੋਂ ਪਹਿਲਾਂ NOC ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**8. Reservation / ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-**

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ/EWS/ਖਿਡਾਰੀ/ਸੁਤੰਤਰਤਾ ਸੰਗ੍ਰਾਮੀ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

**9. ਫੀਸ ਸਬੰਧੀ ਵੇਰਵਾ:-**

| | | |
|---|---|---|
| ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁ: |
| ਐਸ.ਸੀ.(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) | - | 250/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) | - | 200/- ਰੁ: |
| ਦਿਵਿਆਂਗਜਨ (Handicapped) | - | 500/- ਰੁ: |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।**

**10. ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ:-**

10.1 ਸਬ-ਡਵੀਜ਼ਨਲ ਅਫਸਰ (ਸਿਵਲ), ਅੰਕੜਾ ਅਫਸਰ, ਅਸਿਸਟੈਂਟ ਮੈਨੇਜਰ (ਆਈ.ਟੀ), ਫੀਲਡ ਇਨਵੈਸਟੀਗੇਟਰ, ਖਜਾਨਾ ਅਫਸਰ, ਸੈਕਸ਼ਨ ਅਫਸਰ (ਸਿਵਲ) ਅਤੇ ਸੈਕਸ਼ਨ ਅਫਸਰ (ਬਿਜਲੀ) ਦੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ ਸਿਰਫ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਵੇਗੀ। ਹਰ ਪੱਖੋਂ ਮੁਕੰਮਲ ਆਨਲਾਈਨ ਪ੍ਰਤੀਬੇਨਤੀਆਂ ਪ੍ਰਾਪਤ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਪੈਟਰਨ ਬਾਅਦ ਵਿਚ ਬੋਰਡ ਦੀ ਵੈਬਸਾਈਟ ਤੇ ਅਪਲੋਡ ਕਰ ਦਿੱਤਾ ਜਾਵੇਗਾ। Objective type ਲਿਖਤੀ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਅਪਲੋਡ (upload) ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਪਾਸ ਉਮੀਦਵਾਰਾਂ ਵਿੱਚੋਂ ਕੁੱਲ ਅਸਾਮੀਆਂ ਤੋਂ ਤਿੰਨ ਗੁਣਾ ਜਾਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਨਿਰਧਾਰਿਤ ਗਿਣਤੀ ਵਿੱਚ ਉਮੀਦਵਾਰਾਂ ਨੂੰ ਕੌਂਸਲਿੰਗ ਲਈ ਬੁਲਾਇਆ ਜਾਵੇਗਾ। ਇਸ ਕਰਕੇ ਉਮੀਦਵਾਰਾਂ ਵਲੋਂ (Latest updates) ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ।

10.2 (I) ਜੂਨੀਅਰ ਆਡੀਟਰ ਅਤੇ **ਐਗਜ਼ੀਕਿਊਟਿਵ ਅਸਿਸਟੈਂਟ** ਦੀਆਂ ਅਸਾਮੀਆਂ ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।

(II) ਲਿਖਤੀ ਪ੍ਰੀਖਿਆ ਵਿੱਚੋਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਬੁਲਾਏ ਜਾਣ ਵਾਲੇ ਜੂਨੀਅਰ ਆਡੀਟਰ ਦੇ ਉਮੀਦਵਾਰਾਂ ਦਾ ਅੰਗਰੇਜੀ ਵਿੱਚ 30 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਨਾਲ ਟਾਈਪ ਟੈਸਟ ਲਿਆ ਜਾਵੇਗਾ ਅਤੇ **ਐਗਜ਼ੀਕਿਊਟਿਵ ਅਸਿਸਟੈਂਟ** ਦੇ ਉਮੀਦਵਾਰਾਂ ਦਾ ਅੰਗਰੇਜੀ ਅਤੇ ਪੰਜਾਬੀ ਵਿੱਚ 30 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਨਾਲ ਟਾਈਪ ਟੈਸਟ ਲਿਆ ਜਾਵੇਗਾ।

(III) ਅੰਗਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੰਪਿਊਟਰ ਤੇ ਲਿਆ ਜਾਵੇਗ। ਪੰਜਾਬੀ ਦਾ ਟਾਈਪ ਟੈਸਟ Unicode Compliant Font Raavi ਵਿੱਚ ਲਿਆ ਜਾਵੇਗਾ।

(IV) ਅੰਗਰੇਜੀ ਅਤੇ ਪੰਜਾਬੀ ਦਾ ਟਾਇਪ ਟੈਸਟ ਕੇਵਲ Qualifying Nature ਦਾ ਹੋਵੇਗਾ ਅਤੇ ਇਹ ਟਾਈਪ ਟੈਸਟ Qualify ਕਰਨਾ ਲਾਜਮੀ ਹੋਵੇਗਾ। Common Merit List ਟਾਈਪ ਟੈਸਟ ਪਾਸ ਉਮੀਦਵਾਰਾਂ ਦੇ ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਅਧਾਰ ਤੇ ਤਿਆਰ ਕੀਤੀ ਜਾਵੇਗੀ।

(V) ਟਾਈਪ ਟੈਸਟ ਪਾਸ ਉਮੀਦਵਾਰਾਂ ਵਿੱਚੋਂ ਕੁੱਲ ਅਸਾਮੀਆਂ ਤੋਂ ਤਿੰਨ ਗੁਣਾ ਜਾਂ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਨਿਰਧਾਰਿਤ ਗਿਣਤੀ ਵਿੱਚ ਉਮੀਦਵਾਰਾਂ ਨੂੰ ਕੌਂਸਲਿੰਗ ਲਈ ਬੁਲਾਇਆ ਜਾਵੇਗਾ।

10.3 ਸਾਰੀਆਂ ਅਸਾਮੀਆਂ ਦੀ ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ

ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿੰਚ ਵੱਧ ਅੰਕ ਹਾਸਿਲ ਕਰਲ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

10.4 ਸਾਰੀਆਂ ਅਸਾਮੀਆਂ ਦੀ ਲਿਖਤੀ ਪ੍ਰੀਖਿਆ ਜਾਂ ਟਾਈਪ ਟੈਸਟ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ।

**11. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਬਿਨੈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਬਿਨੈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(IX) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

**12. ਅਪਲਾਈ ਕਰਨ ਦੀ ਵਿਧੀ:**

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ “Online Applications” ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 21-08-2024 ਤੋਂ 17-09-2024, ਸ਼ਾਮ 5:00 ਵਜ਼ੇ ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਟਾਈਟਲ “Instructions for applying online” ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਸਬੰਧਤ ਪੋਸਟ ਦੇ ਲਿੰਕ ਤੇ ਕਲਿਕ ਕਰਨ। ਇਸ ਉਪਰੰਤ ਉਮੀਦਵਾਰ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ

ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਗਰੈਜੁਏਸ਼ਨ, ਪੋਸਟ ਗਰੇਜੁਏਸ਼ਨ, ਕੰਪਿਊਟਰ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application --Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) **ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 20-09-2024 ਹੋਵੇਗੀ।** ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ Login ਕਰਨਗੇ। Login ਕਰਨ ਉਪਰੰਤ ਉਮੀਦਵਾਰ "Proceed to Fee Payment" ਤੇ ਕਲਿਕ ਕਰਕੇ ਅਪਣੀ ਫੀਸ ਭਰਨਗੇ।

(VI) ਉਮੀਦਵਾਰ Online Application Submit ਕਰਨ ਉਪਰੰਤ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form Submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ, ਫੀਸ ਅਦਾ ਕਰਨ ਦੀ ਆਖਰੀ ਮਿਤੀ **20-09-2024** ਸ਼ਾਮ **5:00** ਵਜੇ ਤੱਕ, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application Form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**13. ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ:**

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ). ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) **ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ / ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।**

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਦਰਸ਼ਾਏ ਫਾਰਮੈਂਟ ਵਿਚ ਦਰਸਾਈ ਥਾਂ ਤੇ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਖ) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਗ) ਲਿਖਤੀ ਪ੍ਰੀਖਿਆ, ਟਾਈਪ ਟੈਸਟ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਘ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107), 0172-2298083, ਹੈਲਪਲਾਈਨ ਨੰਬਰ 9646932955, 9041799018 ਤੇ ਅਤੇ ਈਮੇਲ ਆਈ.ਡੀ. helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਙ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ/-

**ਸਥਾਨ: ਐਸ.ਏ.ਐਸ. ਨਗਰ** **ਚੇਅਰਮੈਨ**

**ਮਿਤੀ: 16-08-2024** **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ।**